ਦੇਵਗੰਧਾਰੀ ॥ ਮਨ ਹਰਿ ਕੀਰਤਿ ਕਰਿ ਸਦਹੂੰ ॥ ਗਾਵਤ ਸੁਨਤ ਜਪਤ ਉਧਾਰੈ ਬਰਨ ਅਬਰਨਾ ਸਭਹੂੰ ॥੧॥ ਰਹਾਉ ॥ ਜਹ ਤੇ ਉਪਜਿਓ ਤਹੀ ਸਮਾਇਓ ਇਹ ਬਿਧਿ ਜਾਨੀ ਤਬਹੂੰ ॥ ਜਹਾ ਜਹਾ ਇਹ ਦੇਹੀ ਧਾਰੀ ਰਹਨੁ ਨ ਪਾਇਓ ਕਬਹੂੰ ॥੧॥ ਸੁਖੁ ਆਇਓ ਭੈ ਭਰਮ ਬਿਨਾਸੇ ਕ੍ਰਿਪਾਲ ਹੂਏ ਪ੍ਰਭ ਜਬਹੂ ॥ ਕਹੁ ਨਾਨਕ ਮੇਰੇ ਪੂਰੇ ਮਨੋਰਥ ਸਾਧਸੰਗਿ ਤਜਿ ਲਬਹੂੰ ॥੨॥੪॥ {ਪੰਨਾ 529}

ਪਦਅਰਥ:- ਮਨ—ਹੇ ਮਨ! ਕੀਰਤਿ—ਸਿਫ਼ਤਿ-ਸਾਲਾਹ। ਸਦ ਹੂੰ—ਸਦਾ ਹੀ। ਉਧਾਰੈ—(ਸੰਸਾਰ-ਸਮੁੰਦਰ ਤੋਂ) ਬਚਾ ਲੈਂਦਾ ਹੈ। ਬਚਨ—ਉੱਚੀ ਜਾਤਿ ਵਾਲਿਆਂ ਨੂੰ। ਅਬਰਨਾ—ਨੀਵੀਂ ਜਾਤਿ ਵਾਲਿਆਂ ਨੂੰ। ਸਭ ਹੂੰ—ਸਭਨਾਂ ਨੂੰ।1। ਰਹਾਉ।

ਜਹ ਤੇ—ਜਿਥੋਂ, ਜਿਸ ਥਾਂ ਤੋਂ। ਤਹੀ—ਉਸ ਥਾਂ ਵਿਚ ਹੀ। ਬਿਧਿ—ਤਰੀਕਾ। ਤਬ ਹੂੰ—ਤਦੋਂ ਹੀ। ਜਹਾ ਜਹਾ—ਜਿੱਥੇ ਜਿੱਥੇ। ਦੇਹੀ—ਸਰੀਰ। ਕਬ ਹੂੰ—ਕਦੇ ਭੀ।1।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਸੰਗਿ—ਸੰਗਤਿ ਵਿਚ। ਤਜਿ—ਤਿਆਗ ਕੇ। ਲਬ—ਲਾਲਚ।2।

ਅਰਥ:- ਹੇ (ਮੇਰੇ) ਮਨ! ਸਦਾ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹੁ। (ਸਿਫ਼ਤਿ-ਸਾਲਾਹ ਦੇ ਗੀਤ) ਗਾਣ ਵਾਲਿਆਂ ਨੂੰ, ਸੁਣਨ ਵਾਲਿਆਂ ਨੂੰ, ਨਾਮ ਜਪਣ ਵਾਲਿਆਂ ਨੂੰ, ਸਭਨਾਂ ਨੂੰ (ਚਾਹੇ ਉਹ) ਉੱਚੀ ਜਾਤਿ ਵਾਲੇ (ਹੋਣ, ਚਾਹੇ) ਨੀਵੀਂ ਜਾਤਿ ਵਾਲੇ—ਸਭਨਾਂ ਨੂੰ ਪਰਮਾਤਮਾ ਸੰਸਾਰ-ਸਮੁੰਦਰ ਤੋਂ ਬਚਾ ਲੈਂਦਾ ਹੈ।1। ਰਹਾਉ।

(ਹੇ ਮੇਰੇ ਮਨ! ਜਦੋਂ ਸਿਫ਼ਤਿ-ਸਾਲਾਹ ਕਰਦੇ ਰਹੀਏ) ਤਦੋਂ ਹੀ ਇਹ ਵਿਧੀ ਸਮਝ ਵਿਚ ਆਉਂਦੀ ਹੈ ਕਿ ਜਿਸ ਪ੍ਰਭੂ ਤੋਂ ਜੀਵ ਪੈਦਾ ਹੁੰਦਾ ਹੈ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਉਸੇ ਵਿਚ ਲੀਨ ਹੋ ਜਾਂਦਾ ਹੈ। (ਹੇ ਮਨ!) ਜਿੱਥੇ ਜਿੱਥੇ ਭੀ ਪਰਮਾਤਮਾ ਨੇ ਸਰੀਰ-ਰਚਨਾ ਕੀਤੀ ਹੈ, ਕਦੇ ਭੀ ਕੋਈ ਸਦਾ ਇਥੇ ਟਿਕਿਆ ਨਹੀਂ ਰਹਿ ਸਕਦਾ।1।

(ਹੇ ਮੇਰੇ ਮਨ! ਸਦਾ ਸਿਫ਼ਤਿ-ਸਾਲਾਹ ਕਰਦਾ ਰਹੁ) ਪਰਮਾਤਮਾ ਜਦੋਂ ਦਇਆਵਾਨ ਹੁੰਦਾ ਹੈ (ਉਸ ਦੀ ਮੇਹਰ ਨਾਲ) ਆਨੰਦ (ਹਿਰਦੇ ਵਿਚ) ਆ ਵੱਸਦਾ ਹੈ, ਤੇ, ਸਾਰੇ ਡਰ ਭਰਮ ਨਾਸ ਹੋ ਜਾਂਦੇ ਹਨ। ਹੇ ਨਾਨਕ! ਆਖ—ਸਾਧ ਸੰਗਤਿ ਵਿਚ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਲਾਲਚ ਤਿਆਗ ਕੇ ਮੇਰੇ ਸਾਰੇ ਮਨੋਰਥ ਪੂਰੇ ਹੋ ਗਏ ਹਨ।2।4।